ਰਾਮਕਲੀ ਮਹਲਾ ੫ ॥ ਪੰਚ ਸਬਦ ਤਹ ਪੂਰਨ ਨਾਦ ॥ ਅਨਹਦ ਬਾਜੇ ਅਚਰਜ ਬਿਸਮਾਦ ॥ ਕੇਲ ਕਰਹਿ ਸੰਤ ਹਰਿ ਲੋਗ ॥ ਪਾਰਬ੍ਰਹਮ ਪੂਰਨ ਨਿਰਜੋਗ ॥੧॥ ਸੂਖ ਸਹਜ ਆਨੰਦ ਭਵਨ ॥ ਸਾਧਸੰਗਿ ਬੈਸਿ ਗੁਣ ਗਾਵਹਿ ਤਹ ਰੋਗ ਸੋਗ ਨਹੀ ਜਨਮ ਮਰਨ ॥੧॥ ਰਹਾਉ ॥ ਊਹਾ ਸਿਮਰਹਿ ਕੇਵਲ ਨਾਮੁ ॥ ਬਿਰਲੇ ਪਾਵਹਿ ਓਹੁ ਬਿਸ੍ਰਾਮੁ ॥ ਭੋਜਨੁ ਭਾਉ ਕੀਰਤਨ ਆਧਾਰੁ ॥ ਨਿਹਚਲ ਆਸਨੁ ਬੇਸੁਮਾਰੁ ॥੨॥ ਡਿਗਿ ਨ ਡੋਲੈ ਕਤਹੂ ਨ ਧਾਵੈ ॥ ਗੁਰ ਪ੍ਰਸਾਦਿ ਕੋ ਇਹੁ ਮਹਲੁ ਪਾਵੈ ॥ ਭ੍ਰਮ ਭੈ ਮੋਹ ਨ ਮਾਇਆ ਜਾਲ ॥ ਸੁੰਨ ਸਮਾਧਿ ਪ੍ਰਭੂ ਕਿਰਪਾਲ ॥੩॥ ਤਾ ਕਾ ਅੰਤੁ ਨ ਪਾਰਾਵਾਰੁ ॥ ਆਪੇ ਗੁਪਤੁ ਆਪੇ ਪਾਸਾਰੁ ॥ ਜਾ ਕੈ ਅੰਤਰਿ ਹਰਿ ਹਰਿ ਸੁਆਦੁ ॥ ਕਹਨੁ ਨ ਜਾਈ ਨਾਨਕ ਬਿਸਮਾਦੁ ॥੪॥੯॥੨੦॥ {ਪੰਨਾ 888-889}

ਪਦਅਰਥ:- ਪੰਚ ਸਬਦ—(ਤੰਤੀ, ਚੰਮ, ਧਾਤ, ਘੜਾ, ਫੂਕ ਮਾਰ ਕੇ ਵਜਾਣ ਵਾਲੇ—ਇਹ) ਪੰਜ ਕਿਸਮਾਂ ਦੇ ਸਾਜ਼। ਤਹ—ਉਸ ਆਤਮਕ ਅਵਸਥਾ ਵਿਚ। ਨਾਦ—ਆਵਾਜ਼। ਪੂਰਨ ਨਾਦ—ਘਨਘੋਰ ਆਵਾਜ਼। ਅਨਹਦ—{Anhq} ਬਿਨਾ ਵਜਾਏ ਵੱਜ ਰਹੇ। ਬਿਸਮਾਦ—ਹੈਰਾਨੀ ਪੈਦਾ ਕਰਨ ਵਾਲੀ ਅਵਸਥਾ। ਕੇਲ—ਆਤਮਕ ਆਨੰਦ, ਕਲੋਲ। ਕੇਲ ਕਰਹਿ—ਆਤਮਕ ਆਨੰਦ ਮਾਣਦੇ ਹਨ। ਨਿਰਜੋਗ—ਨਿਰਲੇਪ।1।

ਸਹਜ—ਆਤਮਕ ਅਡੋਲਤਾ। ਭਵਨ—ਅਸਥਾਨ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਬੈਸਿ—ਬੈਠ ਕੇ। ਤਹ—ਉਸ ਅਵਸਥਾ ਵਿਚ। ਸੋਗ—ਗ਼ਮ।1। ਰਹਾਉ।

ਊਹਾ—ਉਥੇ, ਉਸ ਆਤਮਕ ਅਵਸਥਾ ਵਿਚ। ਕੇਵਲ—ਸਿਰਫ਼। ਓਹੁ ਬਿਸ੍ਰਾਮ—ਉਹ ਆਤਮਕ ਟਿਕਾਣਾ। ਭਾਉ—ਪ੍ਰੇਮ। ਆਧਾਰੁ—ਆਸਰਾ। ਨਿਹਚਲ—ਨਾਹ ਡੋਲਣ ਵਾਲਾ। ਬੇਸੁਮਾਰੁ—ਅੰਦਾਜ਼ੇ ਤੋਂ ਪਰੇ।2।

ਡਿਗਿ—ਡਿੱਗ ਕੇ। ਕਤਹੁ—ਕਿਸੇ ਭੀ ਪਾਸੇ। ਧਾਵੈ—ਦੌੜਦਾ, ਭਟਕਦਾ। ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਮਹਲੁ—ਉੱਚਾ ਆਤਮਕ ਟਿਕਾਣਾ। ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਸੁੰਨ—ਸੁੰਞ {_uNX}। ਸਮਾਧਿ—ਜੁੜੀ ਹੋਈ ਸੁਰਤਿ। ਸੁੰਨ ਸਮਾਧਿ—ਉਹ ਜੁੜੀ ਹੋਈ ਸੁਰਤਿ ਜਿਸ ਵਿਚ ਮਾਇਕ ਫੁਰਨਿਆਂ ਵਲੋਂ ਸੁੰਞ ਹੈ।3।

ਪਾਰਾਵਾਰੁ—ਪਾਰ-ਅਵਾਰੁ, ਪਾਰਲਾ ਉਰਲਾ ਬੰਨਾ। ਆਪੇ—ਆਪ ਹੀ। ਗੁਪਤੁ—ਸਭ ਵਿਚ ਲੁਕਿਆ ਹੋਇਆ। ਪਾਸਾਰੁ—(ਜਗਤ-ਰੂਪ) ਖਿਲਾਰਾ। ਜਾ ਕੈ ਅੰਤਰਿ—ਜਿਸ ਮਨੁੱਖ ਦੇ ਹਿਰਦੇ ਵਿਚ। ਨਾਨਕ—ਹੇ ਨਾਨਕ! ਬਿਸਮਾਦੁ—ਅਸਚਰਜ।4।

ਅਰਥ:- ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਬੈਠ ਕੇ (ਪਰਮਾਤਮਾ ਦੇ) ਗੁਣ ਗਾਂਦੇ ਰਹਿੰਦੇ ਹਨ, ਉਹ ਮਨੁੱਖ ਆਤਮਕ ਅਡੋਲਤਾ, ਆਤਮਕ ਸੁਖ-ਆਨੰਦ ਦੀ ਅਵਸਥਾ ਹਾਸਲ ਕਰ ਲੈਂਦੇ ਹਨ। ਉਸ ਆਤਮਕ ਅਵਸਥਾ ਵਿਚ ਕੋਈ ਰੋਗ ਕੋਈ ਗ਼ਮ ਕੋਈ ਜਨਮ-ਮਰਨ ਦਾ ਗੇੜ ਨਹੀਂ ਵਿਆਪਦਾ।1। ਰਹਾਉ।

ਹੇ ਭਾਈ! ਉਸ ਆਤਮਕ ਅਵਸਥਾ ਵਿਚ (ਇਉਂ ਪ੍ਰਤੀਤ ਹੁੰਦਾ ਹੈ ਜਿਵੇਂ) ਪੰਜ ਕਿਸਮਾਂ ਦੇ ਸਾਜ਼ਾਂ ਦੀ ਘਨਘੋਰ ਆਵਾਜ਼ ਹੋ ਰਹੀ ਹੈ, (ਜਿਵੇਂ ਮਨੁੱਖ ਦੇ ਅੰਦਰ) ਇੱਕ-ਰਸ ਵਾਜੇ ਵੱਜ ਰਹੇ ਹਨ। ਉਹ ਅਵਸਥਾ ਅਚਰਜ ਤੇ ਹੈਰਾਨੀ ਪੈਦਾ ਕਰਨ ਵਾਲੀ ਹੁੰਦੀ ਹੈ। (ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਨਿਰਲੇਪ ਤੇ ਸਰਬ-ਵਿਆਪਕ ਪ੍ਰਭੂ ਦੇ ਸੰਤ-ਜਨ (ਉਸ ਅਵਸਥਾ ਵਿਚ ਪਹੁੰਚ ਕੇ) ਆਤਮਕ ਆਨੰਦ ਮਾਣਦੇ ਰਹਿੰਦੇ ਹਨ।1।

ਹੇ ਭਾਈ! ਉਸ ਆਤਮਕ ਅਵਸਥਾ ਵਿਚ (ਪਹੁੰਚੇ ਹੋਏ ਸੰਤ-ਜਨ) ਸਿਰਫ਼ (ਹਰਿ-) ਨਾਮ ਸਿਮਰਦੇ ਰਹਿੰਦੇ ਹਨ। ਪਰ ਉਹ ਉੱਚੀ ਆਤਮਕ ਅਵਸਥਾ ਵਿਰਲੇ ਮਨੁੱਖਾਂ ਨੂੰ ਹਾਸਲ ਹੁੰਦੀ ਹੈ। ਹੇ ਭਾਈ! ਉਸ ਅਵਸਥਾ ਵਿਚ ਪ੍ਰਭੂ-ਪ੍ਰੇਮ

ਹੀ ਮਨੁੱਖ ਦੀ ਆਤਮਕ ਖ਼ੁਰਾਕ ਹੋ ਜਾਂਦੀ ਹੈ, ਆਤਮਕ ਜੀਵਨ ਵਾਸਤੇ ਮਨੁੱਖ ਨੂੰ ਸਿਫ਼ਤਿ-ਸਾਲਾਹ ਦਾ ਹੀ ਸਹਾਰਾ ਹੁੰਦਾ ਹੈ। ਹੇ ਭਾਈ! ਉਸ ਆਤਮਕ ਅਵਸਥਾ ਦਾ ਆਸਣ (ਮਾਇਆ ਦੇ ਅੱਗੇ) ਕਦੇ ਡੋਲਦਾ ਨਹੀਂ। ਉਹ ਅਵਸਥਾ ਕੈਸੀ ਹੈ—ਇਸਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ।2।

ਹੇ ਭਾਈ! ਉਸ ਅਵਸਥਾ ਵਿਚ ਪਹੁੰਚਿਆ ਹੋਇਆ ਮਨੁੱਖ (ਮਾਇਆ ਦੇ ਮੋਹ ਵਿਚ) ਡਿੱਗ ਕੇ ਡੋਲਦਾ ਨਹੀਂ ਹੈ, (ਉਸ ਟਿਕਾਣੇ ਨੂੰ ਛੱਡ ਕੇ) ਕਿਸੇ ਹੋਰ ਪਾਸੇ ਨਹੀਂ ਭਟਕਦਾ। ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ ਉਹ ਟਿਕਾਣਾ ਹਾਸਲ ਕਰਦਾ ਹੈ। ਉਥੇ ਦੁਨੀਆ ਦੀਆਂ ਭਟਕਣਾਂ, ਦੁਨੀਆ ਦੇ ਡਰ, ਮਾਇਆ ਦਾ ਮੋਹ, ਮਾਇਆ ਦੇ ਜਾਲ—ਇਹ ਕੋਈ ਭੀ ਪੋਹ ਨਹੀਂ ਸਕਦੇ। ਕਿਰਪਾ ਦੇ ਸੋਮੇ ਪ੍ਰਭੂ ਵਿਚ ਮਨੁੱਖ ਦੀ ਐਸੀ ਸੁਰਤਿ ਜੁੜਦੀ ਹੈ ਕਿ ਕੋਈ ਭੀ ਮਾਇਕ ਫੁਰਨਾ ਨੇੜੇ ਨਹੀਂ ਢੁਕਦਾ।3।

ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਟਿਕ ਜਾਂਦਾ ਹੈ, ਉਸ ਨੂੰ ਇਹ ਜਗਤ-ਖਿਲਾਰਾ ਉਸ ਪ੍ਰਭੂ ਦਾ ਆਪਣਾ ਹੀ ਰੂਪ ਦਿੱਸਦਾ ਹੈ, ਇਸ ਜਗਤ-ਖਿਲਾਰੇ ਵਿਚ ਉਹ ਪ੍ਰਭੂ ਆਪ ਹੀ ਲੁਕਿਆ ਦਿੱਸਦਾ ਹੈ, ਜਿਸ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੇ ਸਰੂਪ ਦਾ ਪਾਰਲਾ ਉਰਲਾ ਬੰਨਾ ਨਹੀਂ ਦਿੱਸ ਸਕਦਾ। ਹੇ ਨਾਨਕ! ਹਰਿ-ਨਾਮ ਦਾ ਸੁਆਦ ਬਿਆਨ ਨਹੀਂ ਕੀਤਾ ਜਾ ਸਕਦਾ। ਉਹ ਸੁਆਦ ਅਸਚਰਜ ਹੀ ਹੁੰਦਾ ਹੈ।4।9। 20।